# ਫਿਲੇਮੋਨ ਨੂੰ ਪੱਤ੍ਰੀ

ਯਿਸੂ ਮਸੀਹ ਦੇ ਕੈਦੀ ਪੌਲੁਸ ਅਤੇ ਸਾਡੇ ਭਰਾ ਤਿਮੋਥਿਉਸ ਵੱਲੋਂ ਸ਼ੁਭ
ਕਾਮਨਾਵਾਂ। ਸਾਡੇ ਪਿਆਰੇ ਮਿੱਤਰ ਅਤੇ ਸਹਿਕਰਮੀ ਫਿਲੇਮੋਨ ਨੂੰ। 2ਸਾਡੀ
ਭੈਣ ਅੱਫੀਆ ਨੂੰ ਵੀ ਅਤੇ ਸਾਡੇ ਸਹਿਕਰਮੀ ਆਰਖਿਪੁੱਸ ਨੂੰ ਅਤੇ ਤੁਹਾਡੇ
ਘਰ ਵਿੱਚ ਜੁੜਨ ਵਾਲੀ ਕਲੀਸਿਯਾ ਨੂੰ ਵੀ। 3ਸਾਡੇ ਪਰਮੇਸ਼ੁਰ ਪਿਤਾ
ਅਤੇ ਪ੍ਰਭੂ ਯਿਸੂ ਮਸੀਹ ਦੀ ਤੁਹਾਡੇ ਉੱਪਰ ਕਿਰਪਾ ਤੇ ਸ਼ਾਂਤੀ ਹੋਵੇ।

### ਫਿਲੇਮੋਨ ਦਾ ਪ੍ਰੇਮ ਅਤੇ ਵਿਸ਼ਵਾਸ

4ਮੈਂ ਤੁਹਾਨੂੰ ਆਪਣੀਆਂ ਪ੍ਰਾਰਥਨਾਵਾਂ ਸਮੇਂ ਚੇਤੇ ਕਰਦਾ ਹਾਂ। ਅਤੇ
ਮੈਂ ਤੁਹਾਡੇ ਲਈ ਪਰਮੇਸ਼ੁਰ ਦਾ ਸਦਾ ਧੰਨਵਾਨ ਕਰਦਾ ਹਾਂ। 5ਮੈਂ ਤੁਹਾਡੇ
ਪਰਮੇਸ਼ੁਰ ਦੇ ਸਮੂਹ ਪਵਿੱਤਰ ਲੋਕਾਂ ਲਈ ਪ੍ਰੇਮ ਬਾਰੇ, ਅਤੇ ਤੁਹਾਡੀ ਪ੍ਰਭੂ
ਯਿਸੂ ਵਿੱਚ ਨਿਹਚਾ ਬਾਰੇ ਸੁਣ ਰਿਹਾ ਹਾਂ, ਅਤੇ ਮੈਂ ਇਸ ਪ੍ਰੇਮ ਅਤੇ
ਵਿਸ਼ਵਾਸ ਲਈ ਪਰਮੇਸ਼ੁਰ ਦਾ ਧੰਨਵਾਦ ਕਰਦਾ ਹਾਂ। 6ਮੈਂ ਪ੍ਰਾਰਥਨਾ
ਕਰਦਾ ਹਾਂ ਕਿ ਜਿਹੜਾ ਵਿਸ਼ਵਾਸ ਤੁਸੀਂ ਸਾਂਝਾ ਕਰ ਰਹੇ ਹੋ ਤੁਹਾਨੂੰ
ਉਨ੍ਹਾਂ ਸਾਰੀਆਂ ਚੰਗੀਆਂ ਗੱਲਾਂ ਬਾਰੇ ਸਮਝਣ ਦੇ ਯੋਗ ਬਣਾਵੇ ਜੋ
ਅਸੀਂ ਮਸੀਹ ਵਿੱਚ ਰਖਦੇ ਹਾਂ। 7ਮੇਰੇ ਭਰਾ, ਤੂੰ ਆਪਣਾ ਪਿਆਰ ਦਰਸ਼ਾ
ਕੇ ਪਰਮੇਸ਼ੁਰ ਦੇ ਲੋਕਾਂ ਦੇ ਦਿਲਾਂ ਨੂੰ ਆਨੰਦਿਤ ਕਰ ਦਿੱਤਾ ਹੈ। ਇਸ ਨੇ
ਮੈਨੂੰ ਬੜਾ ਆਨੰਦ ਅਤੇ ਦਿਲਾਸਾ ਦਿੱਤਾ ਹੈ।

### ਉਨੇਸਿਮੁਸ ਨੂੰ ਭਰਾ ਸਮਝੋ

8ਇਕ ਗੱਲ ਅਜਿਹੀ ਹੈ ਜਿਹੜੀ ਤੁਹਾਨੂੰ ਕਰਨੀ ਚਾਹੀਦੀ ਹੈ, ਅਤੇ
ਮਸੀਹ ਵਿੱਚ ਮੈਂ ਨਿਡਰ ਹੋ ਸਕਦਾ ਅਤੇ ਤੁਹਾਨੂੰ ਉਹ ਕਰਨ ਦਾ ਆਦੇਸ਼
ਦੇ ਸਕਦਾ ਹਾਂ। 9ਪਰ ਮੈਂ ਤੁਹਾਨੂੰ ਆਦੇਸ਼ ਨਹੀਂ ਦੇ ਰਿਹਾ, ਮੈਂ ਤੁਹਾਨੂੰ
ਇਹ ਕਰਨ ਦੀ ਬੇਨਤੀ ਪਿਆਰ ਦੇ ਕਾਰਣ ਕਰ ਰਿਹਾ ਹਾਂ। ਮੈਂ ਪੌਲੁਸ
ਹਾਂ ਮੈਂ ਹੁਣ ਬੁੱਢਾ ਹੋ ਗਿਆ ਹਾਂ। ਅਤੇ ਮੈਂ ਮਸੀਹ ਯਿਸੂ ਦਾ ਕੈਦੀ ਹਾਂ।
10ਮੈਂ ਤੁਹਾਨੂੰ ਇਹ ਆਪਣੇ ਪੁੱਤਰ ਉਨੇਸਿਮੁਸ ਲਈ ਪੁੱਛ ਰਿਹਾ ਹਾਂ।
ਜਦੋਂ ਮੈਂ ਕੈਦ ਵਿੱਚ ਸਾਂ ਤਾਂ ਉਹ ਮੇਰਾ ਪੁੱਤਰ ਬਣ ਗਿਆ ਸੀ। 11ਅਤੀਤ
ਵਿੱਚ, ਉਹ ਤੁਹਾਡੇ ਲਈ ਬੇਕਾਰ ਸੀ। ਪਰ ਹੁਣ ਉਹ ਦੋਹਾਂ ਮੇਰੇ ਅਤੇ
ਤੁਹਾਡੇ ਲਈ ਉਪਯੋਗੀ ਬਣ ਗਿਆ ਹੈ। 12ਮੈਂ ਉਸਨੂੰ ਤੁਹਾਡੇ ਕੋਲ ਭੇਜ
ਰਿਹਾ ਹਾਂ। ਉਸਦੇ ਨਾਲ ਮੈਂ ਆਪਣਾ ਦਿਲ ਭੇਜ ਰਿਹਾ ਹਾਂ। 13ਮੈਂ
ਉਸਨੂੰ ਉਨਾ ਚਿਰ ਸਹਾਇਤਾ ਲਈ ਆਪਣੇ ਨਾਲ ਰੱਖਣਾ ਚਾਹੁੰਨਾ
ਜਿਨ੍ਹਾਂ ਚਿਰ ਤੱਕ ਮੈਂ ਖੁਸ਼ ਖ਼ਬਰੀ ਲਈ ਕੈਦ ਵਿੱਚ ਹਾਂ। ਉਹ ਤੁਹਾਡੀ
ਜਗ੍ਹਾ ਮੇਰੀ ਸੇਵਾ ਕਰ ਰਿਹਾ ਹੋਵੇਗਾ। 14ਪਰ ਤੁਹਾਨੂੰ ਪਹਿਲਾਂ ਪੁੱਛੇ
ਬਗੈਰ ਮੈਂ ਕੋਈ ਵੀ ਗੱਲ ਨਹੀਂ ਸੀ ਕਰਨਾ ਚਾਹੁੰਦਾ। ਤਾਂ ਫੇਰ ਜਿਹੜੀ
ਵੀ ਭਲਾਈ ਤੁਸੀਂ ਮੇਰੇ ਲਈ ਕਰੋਂਗੇ ਉਹ ਇਸ ਲਈ ਹੋਵੇਗੀ ਕਿ
ਤੁਸੀਂ ਅਜਿਹਾ ਚਾਹੁੰਦੇ ਸੀ ਨਾ ਕਿ ਇਸ ਲਈ ਕਿ ਮੈਂ ਤੁਹਾਨੂੰ ਕਰਨ
ਲਈ ਮਜਬੂਰ ਕੀਤਾ। 15ਥੋੜੇ ਪਲਾਂ ਲਈ ਉਨੇਸਿਮੁਸ ਤੁਹਾਡੇ ਕੋਲੋਂ
ਵੱਖ ਹੋ ਗਿਆ ਸੀ। ਹੋ ਸਕਦਾ ਹੈ ਕਿ ਅਜਿਹਾ ਇਸ ਲਈ ਵਾਪਰਿਆ
ਤਾਂ ਜੋ ਉਹ ਚੰਗੇ ਲਈ ਤੁਹਾਡੇ ਕੋਲ ਵਾਪਸ ਆ ਸਕੇ, 16ਅੱਗੇ ਤੋਂ
ਇੱਕ ਦਾਸ ਹੋਕੇ ਨਹੀਂ, ਪਰ ਇੱਕ ਪਿਆਰੇ ਭਰਾ ਵਾਂਗ ਜੋ ਕਿ ਇੱਕ
ਦਾਸ ਨਾਲੋਂ ਕਿਧਰੇ ਵੱਧ ਹੈ। ਮੈਂ ਉਸ ਨੂੰ ਬਹੁਤ ਪਿਆਰ ਕਰਦਾ ਹਾਂ
ਪਰ ਤੁਸੀਂ ਉਸ ਨੂੰ ਉਸਤੋਂ ਵੀ ਵਧੇਰੇ ਪਿਆਰ ਕਰੋਗੇ। ਤੁਸੀਂ ਉਸ ਨੂੰ
ਦੋਨੇਂ ਤਰ੍ਹਾਂ ਇੱਕ ਵਿਅਕਤੀ ਵਾਂਗ ਅਤੇ ਪ੍ਰਭੂ ਵਿੱਚ ਭਰਾ ਹੋਣ ਕਰਕੇ
ਪਿਆਰ ਕਰੋਗੇ।

17ਜੇ ਤੁਸੀਂ ਮੈਨੂੰ ਆਪਣਾ ਮਿੱਤਰ ਸਮਝਦੇ ਹੋ ਤਾਂ ਉਨੇਸਿਮੁਸ ਨੂੰ
ਦੁਬਾਰਾ ਅਪਣਾ ਲਵੋ। ਉਸਦਾ ਸਵਾਗਤ ਓਸੇ ਤਰ੍ਹਾਂ ਕਰੋ ਜਿਸ ਤਰ੍ਹਾਂ
ਤੁਸਾਂ ਮੇਰਾ ਸਵਾਗਤ ਕਰਨਾ ਸੀ। 18ਜੇ ਉਨੇਸਿਮੁਸ ਨੇ ਤੁਹਾਡੇ ਨਾਲ
ਬੁਰਾ ਕੀਤਾ ਹੈ ਜਾਂ ਉਸ ਨੇ ਤੁਹਾਡਾ ਕੁਝ ਦੇਣਾ ਹੈ। ਤਾਂ ਇਸ ਬਾਰੇ ਮੈਨੂੰ
ਜਿਮੇਵਾਰ ਸਮਝੋ। 19ਮੈਂ ਪੌਲੁਸ ਹਾਂ, ਅਤੇ ਮੈਂ ਇਹ ਆਪਣੇ ਹੱਥੀਂ ਲਿਖ
ਰਿਹਾ ਹਾਂ। ਜੇ ਉਨੇਸਿਮੁਸ ਨੇ ਤੁਹਾਡਾ ਕੁਝ ਦੇਣਾ ਹੈ ਤਾਂ ਮੈਂ, ਅਦਾ
ਕਰਾਂਗਾ ਅਤੇ ਮੈਂ ਉਸ ਬਾਰੇ ਕੁਝ ਨਹੀਂ ਆਖਾਂਗਾ ਜੋ ਕੁਝ ਤੁਸੀਂ ਆਪਣੀ
ਜਿੰਦਗੀ ਲਈ ਮੇਰੇ ਦੇਣਦਾਰ ਹੋ। 20ਇਸ ਲਈ, ਮੇਰੇ ਭਰਾਵੋ, ਮੈਂ
ਤੁਹਾਨੂੰ ਪ੍ਰਭੂ ਵਿੱਚ ਆਪਣੇ ਲਈ ਕੁਝ ਕਰਨ ਲਈ ਕਹਿੰਦਾ ਹਾਂ। 21ਇਹ
ਚਿੱਠੀ ਮੈਂ ਇਹ ਜਾਣਦਾ ਹੋਇਆ ਲਿਖ ਰਿਹਾ ਹਾਂ ਕਿ ਤੁਸੀਂ ਉਹ ਕਰੋਂਗੇ
ਜੋ ਮੈਂ ਮੰਗਾਂਗਾ। ਮੈਂ ਜਾਣਦਾ ਹਾਂ ਕਿ ਤੁਸੀਂ ਮੇਰੀ ਮੰਗ ਨਾਲੋਂ ਵੀ ਵੱਧ
ਕਰੋਗੇ। 22ਇਸ ਤੋਂ ਇਲਾਵਾ ਮੇਰੇ ਠਹਿਰਨ ਲਈ ਇਕ ਕਮਰਾ ਵੀ
ਤਿਆਰ ਰਖਣਾ। ਮੈਨੂੰ ਉਮੀਦ ਹੈ ਕਿ ਪਰਮੇਸ਼ੁਰ ਤੁਹਾਡੀਆਂ ਪ੍ਰਾਰਥਨਾਵਾਂ
ਮੰਨ ਲਵੇਗਾ ਅਤੇ ਮੈਂ ਤੁਹਾਡੇ ਕੋਲ ਆ ਸਕਾਂਗਾ।

### ਆਖਰੀ ਸ਼ੁਭ ਕਾਮਨਾਵਾਂ

23ਇਪਫਰਾਸ ਵੀ ਮੇਰੇ ਨਾਲ ਮਸੀਹ ਯਿਸੂ ਵਿੱਚ ਕੈਦੀ ਹੈ। ਉਹ
ਤੁਹਾਨੂੰ ਆਪਣੀਆਂ ਸ਼ੁਭਕਾਮਨਾਵਾਂ ਭੇਜਦਾ ਹੈ। 24ਮਰਕੁਸ,
ਅਰਿਸਤਰਖੁਸ, ਦੇਮਾਸ ਅਤੇ ਲੂਕਾ ਵੀ ਤੁਹਾਨੂੰ ਸ਼ੁਭਕਾਮਨਾਵਾਂ ਭੇਜਦੇ
ਹਨ। ਉਹ ਮੇਰੇ ਨਾਲ ਕੰਮ ਕਰਦੇ ਹਨ। 25ਸਾਡੇ ਪ੍ਰਭੂ ਯਿਸੂ ਮਸੀਹ ਦੀ
ਕਿਰਪਾ ਤੁਹਾਡੇ ਆਤਮੇ ਦੇ ਅੰਗ ਸੰਗ ਹੋਵੇ।